*ਜਿਲਾ ਲੋਕ ਸੰਪਰਕ ਅਫਸਰ, ਫਿਰੋਜਪੁਰ*

*ਹਾਲਾਤ ਨਾੱਰਮਲ ਹੋਣ ਦੇ ਬਾਅਦ ਫਿਰੋਜਪੁਰ ਜਿਲ੍ਹੇ ਦੇ ਸੇਵਾ ਕੇਂਦਰਾਂ ਤੋਂ 7060 ਨਾਗਰਿਕਾਂ ਨੇ ਲਿਆ ਵੱਖ-ਵੱਖ ਸੇਵਾਵਾਂ ਦਾ ਲਾਭ: ਡਿਪਟੀ ਕਮਿਸ਼ਨਰ*

*ਕਿਹਾ, ਸੋਸ਼ਲ ਡਿਸਟੈਂਸਿੰਗ ਅਤੇ ਸੈਨੀਟਾਇਜੇਸ਼ਨ ਦੇ ਪੁਖਤਾ ਪ੍ਰਬੰਧਾਂ ਦੇ ਦਰਮਿਆਨ ਵਧਣ ਲੱਗੀ ਬਿਨੇਕਾਰਾਂ ਦੀ ਗਿਣਤੀ*

*ਲੋਕਾਂ ਨੂੰ ਕੋਰੋਨਾ ਵਾਇਰਸ ਦੇ ਖਿਲਾਫ ਲੜਾਈ ਜਿਤੱਣ ਲਈ ਸੋਸ਼ਲ ਡਿਸਟੈਂਸਿੰਗ, ਮਾਸਕ ਪਹਿਨਣ ਅਤੇ ਸਫਾਈ ਦਾ ਧਿਆਨ ਰੱਖਣ ਵਰਗੇ ਨਿਯਮਾਂ ਦੀ ਪਾਲਣਾ ਕਰਣ ਲਈ ਕੀਤੀ ਅਪੀਲ*

*- ਫਿਰੋਜਪੁਰ, 28 ਮਈ*

*ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਉੱਤੇ ਲਗਾਈ ਗਈ ਰੋਕ ਹਟਾਉਣ ਦੇ ਬਾਅਦ ਫਿਰੋਜਪੁਰ ਜਿਲ੍ਹੇ ਵਿੱਚ ਹਾਲਾਤ ਤੇਜੀ ਨਾਲ ਨਾੱਰਮਲ ਹੋ ਰਹੇ ਹਨ, ਜਿਸਦੇ ਚਲਦੇ ਜਿਲ੍ਹੇ ਦੇ ਸਾਰੇ 25 ਸੇਵਾ ਕੇਂਦਰਾਂ ਵਿੱਚ 7060 ਨਾਗਰਿਕਾਂ ਨੇ ਸਰਕਾਰੀ ਸੇਵਾਵਾਂ ਦਾ ਲਾਭ ਪ੍ਰਾਪਤ ਕੀਤਾ ਹੈ। ਵਧੇਰੇ ਜਾਣਕਾਰੀ ਦਿੰਦੇ ਹੋਏ ਫਿਰੋਜਪੁਰ ਦੇ ਡਿਪਟੀ ਕਮਿਸ਼ਨਰ ਸ਼੍ਰੀ ਕੁਲਵੰਤ ਸਿੰਘ ਨੇ ਦੱਸਿਆ ਕਿ ਸੇਵਾ ਕੇਂਦਰਾਂ ਵਿੱਚ ਸੋਸ਼ਲ ਡਿਸਟੈਂਸਿੰਗ ਅਤੇ ਸੈਨੀਟਾਇਜੇਸ਼ਨ ਦੇ ਨਿਯਮਾਂ ਦਾ ਲਗਾਤਾਰ ਪਾਲਣ ਕੀਤਾ ਜਾ ਰਿਹਾ ਹੈ ਅਤੇ ਇੱਥੇ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਪ੍ਰਾਪਤ ਕਰਣ ਲਈ ਨਾਗਰਿਕਾਂ ਦੀ ਗਿਣਤੀ ਵੀ ਵੱਧ ਰਹੀ ਹੈ।*

*ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 675 ਨਾਗਰਿਕਾਂ ਨੇ ਹੁਣ ਤੱਕ ਜਨਮ ਅਤੇ ਮੌਤ ਪੰਜੀਕਰਣ ਨਾਲ ਸਬੰਧਤ ਸੇਵਾਵਾਂ ਦਾ ਲਾਭ ਪ੍ਰਾਪਤ ਕੀਤਾ ਹੈ। ਇਸੇ ਤਰ੍ਹਾਂ 163 ਆਵੇਦਕਾਂ ਨੇ ਲੇਬਰ ਕਾਰਡਾਂ ਨਾਲ ਸਬੰਧਤ ਸੇਵਾਵਾਂ ਲਈ ਬੇਨਤੀ ਦਾਖਲ ਕੀਤੀ ਹੈ। ਪੰਜ ਲੋਕਾਂ ਨੇ ਵਿਆਹ ਦੀ ਰਜਿਸਟਰੇਸ਼ਨ, 1077 ਲੋਕਾਂ ਨੇ ਇੰਕਮ ਅਤੇ ਬਾਰਡਰ ਏਰਿਆ ਸਰਟੀਫਿਕੇਟ ਨਾਲ ਸਬੰਧਤ ਸੇਵਾਵਾਂ, 38 ਲੋਕਾਂ ਨੇ ਸਾਮਾਜਿਕ ਸੁਰੱਖਿਆ ਸਕੀਮਾਂ ਦੇ ਤਹਿਤ ਸੇਵਾਵਾ, 1867 ਲੋਕਾਂ ਨੇ ਆਧਾਰ ਕਾਰਡ ਨਾਲ ਸਬੰਧਤ ਸੇਵਾਵਾ, 3235 ਲੋਕਾਂ ਨੇ ਬੀਟੂਸੀ ਕੈਟੇਗਿਰੀ ਦੇ ਤਹਿਤ ਆਉਣ ਵਾਲੀਆਂ ਵੱਖ-ਵੱਖ ਸੇਵਾਵਾਂ ਜਿਲ੍ਹੇ ਦੇ ਸਾਰੇ 25 ਸੇਵਾ ਕੇਂਦਰਾਂ ਤੋਂ ਹਾਸਲ ਕੀਤੀਆਂ ਹਨ।*

*ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁੱਖਮੰਤਰੀ ਕੈਪਟਨ ਅਮਰੇਂਦਰ ਸਿੰਘ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਰਾਜ ਵਿੱਚ ਹਾਲਾਤ ਪਹਿਲਾਂ ਵਾਂਗ ਨਾੱਰਮਲ ਬਣਾਉਣ ਵਿੱਚ ਹਰ ਸੰਭਵ ਕੋਸ਼ਿਸ਼ ਕਰਣ ਲਈ ਵਚਨਬੱਧ ਹੈ, ਜਿਸਦੇ ਤਹਿਤ ਕਰਫਿਊ ਖਤਮ ਕਰਣ, ਕੰਮ-ਕਾਜਾਂ ਨੂੰ ਦੋਬਾਰਾ ਸ਼ੁਰੂ ਕਰਨ ਸਮੇਤ ਕਈ ਵੱਡੇ ਕਦਮ ਚੁੱਕੇ ਗਏ ਹਨ।*

*ਉਨ੍ਹਾਂ ਕਿਹਾ ਕਿ ਸੰਕਟ ਦੀ ਇਸ ਘੜੀ ਵਿੱਚ ਲੋਕਾਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਉਪਲੱਬਧ ਕਰਵਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਹਾਲਾਂਕਿ ਡਿਪਟੀ ਕਮਿਸ਼ਨਰ ਨੇ ਇਸ ਗੱਲ ਉੱਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਕੋਰੋਨਾ ਵਾਇਰਸ ਦੇ ਖਿਲਾਫ ਹਾਲੇ ਜੰਗ ਜਾਂਰੀ ਹੈ ਅਤੇ ਸਰਕਾਰ ਵੱਲੋਂ ਜਾਰੀ ਨਿਰਦੇਸ਼ਾਂ ਜਿਵੇਂ ਕਿ ਸੋਸ਼ਲ ਡਿਸਟੈਂਸਿੰਗ, ਮਾਸਕ ਪਹਿਨਣ ਅਤੇ ਸਾਫ਼-ਸਫਾਈ ਦਾ ਧਿਆਨ ਰੱਖਣ ਜਿਵੇਂ ਨਿਯਮਾਂ ਨੂੰ ਸਾਮੂਹਕ ਤੌਰ ਤੇ ਅਪਣਾ ਕੇ ਅਸੀ ਇਸ ਜੰਗ ਨੂੰ ਜਿੱਤ ਸੱਕਦੇ ਹਾਂ। ਉਨ੍ਹਾਂ ਕਿਹਾ ਕਿ ਸਿਰਫ ਜਾਗਰੂਕਤਾ, ਬਚਾਵ ਅਤੇ ਸਰਕਾਰੀ ਹੁੱਕਮਾਂ ਦੀ ਪਾਲਣਾ ਕਰਕੇ ਅਸੀ ਇਸ ਜੰਗ ਵਿੱਚ ਫਤਹਿ ਹਾਸਿਲ ਕਰ ਸੱਕਦੇ ਹਾਂ।*

ਜਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜਪੁਰ

ਡਿਪਟੀ ਕਮਿਸ਼ਨਰ ਵਲੋਂ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ 'ਚ ਸਥਾਪਿਤ ਕੰਟਰੋਲ ਰੂਮ ਦਾ ਦੌਰਾ, ਸ਼ਾਨਦਾਰ ਸੇਵਾਵਾਂ ਨਿਭਾਉਣ ਲਈ ਤਾਇਨਾਤ ਅਮਲੇ ਦੀ ਕੀਤੀ ਸ਼ਲਾਘਾ

ਕੋਰੋਨਾ ਵਾਇਰਸ ਖਿਲਾਫ਼ ਜੰਗ ਜਿੱਤਣ ਲਈ ਕੰਮ ਨੂੰ ਪੂਰੀ ਮਿਸ਼ਨਰੀ ਭਾਵਨਾ ਨਾਲ ਜਾਰੀ ਰੱਖਣ ਲਈ ਕਿਹਾ

ਫਿਰੋਜਪੁਰ, 28 ਮਈ-
ਡਿਪਟੀ ਕਮਿਸ਼ਨਰ ਫਿਰੋਜਪੁਰ ਸ਼੍ਰੀ ਕੁਲਵੰਤ ਸਿੰਘ ਨੇ ਅੱਜ ਕੋਵਿਡ-19 ਦੀ ਮਹਾਮਾਰੀ ਦੌਰਾਨ ਜ਼ਿਲਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਸਥਾਪਿਤ ਕੀਤੇ ਗਏ ਕੰਟਰੋਲ ਰੂਮ ਵਿੱਚ ਤਾਇਨਾਤ ਅਧਿਕਾਰੀਆਂ ਤੇ ਕਰਮਚਾਰੀਆਂ ਵਲੋਂ ਨਿਭਾਈ ਜਾ ਰਹੀ ਸ਼ਾਨਦਾਰ ਡਿਊਟੀ ਦੀ ਸ਼ਲਾਘਾ ਕੀਤੀ ਗਈ।
ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀ ਰਵਿੰਦਰ ਪਾਲ ਸੰਧੂ, ਸਹਾਇਕ ਕਮਿਸ਼ਨਰ ਸ਼੍ਰੀ ਰਵਿੰਦਰ ਸਿੰਘ, ਜਿਲਾ ਖੁਰਾਕ ਅਤੇ ਸਿਵਿਲ ਸਪਲਾਈ ਕੰਟਰੋਲਰ ਸ਼੍ਰੀ ਪਿੰਦਰ ਸਿੰਘ ਦੇ ਨਾਲ ਕੰਟਰੋਲ ਰੂਮ ਦਾ ਦੌਰਾ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਇਥੇ ਤਾਇਨਾਤ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ ਗੱਲਬਾਤ ਕਰਦਿਆਂ ਇਨਾਂ ਅਧਿਕਾਰੀਆਂ ਤੇ ਕਰਮਚਾਰੀਆਂ ਵਲੋਂ ਇਸ ਔਖੀ ਘੜੀ ਵਿੱਚ ਨਿਭਾਈ ਜਾ ਰਹੀ ਡਿਊਟੀ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਕੰਟਰੋਲ ਰੂਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਵੱਡੇ ਪੱਧਰ 'ਤੇ ਹੱਲ ਕਰਨ ਲਈ ਜ਼ਿਲਾ ਪ੍ਰਸ਼ਾਸਨ ਤੇ ਆਮ ਲੋਕਾਂ ਵਿਚਕਾਰ ਇਕ ਪੁਲ ਦਾ ਕੰਮ ਕਰ ਰਿਹਾ ਹੈ।
ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲਾ ਪ੍ਰਸ਼ਾਸਨ ਵਲੋਂ ਲੋਕਾਂ ਦੀਆਂ ਸ਼ਿਕਾਇਤਾਂ ਦਾ ਹੱਲ ਕਰਨ ਲਈ ਮੁਕੰਮਲ

ਪ੍ਰਬੰਧ ਕੀਤੇ ਗਏ ਹਨ। ਪ੍ਰਸ਼ਾਸਨ ਦੇ ਉਚ ਅਧਿਕਾਰੀਆਂ ਨੂੰ ਕੰਟਰੋਲ ਰੂਮ ਦੀ ਨਿਗਰਾਨੀ ਕਰਨ ਲਈ ਤਾਇਨਾਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੰਕਟ ਸਮੇਂ ਕੰਟਰੋਲ ਰੂਮ ਵਲੋਂ ਪ੍ਰਾਪਤ ਕੀਤੀਆਂ ਗਈਆਂ ਸ਼ਿਕਾਇਤਾਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਨਿਪਟਾਰਾ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਪ੍ਰਾਪਤ ਸ਼ਿਕਾਇਤਾਂ ਨੂੰ ਸਬੰਧਿਤ ਵਿਭਾਗਾਂ ਨੂੰ ਭੇਜਿਆ ਗਿਆ ਤੇ ਕੰਟਰੋਲ ਰੂਮ ਦੀ ਦੇਖ ਰੇਖ ਕਰ ਰਹੇ ਅਧਿਕਾਰੀਆਂ ਵਲੋਂ ਸਮੇਂ ਸਿਰ ਸ਼ਿਕਾਇਤਾਂ ਦੇ ਨਿਪਟਾਰੇ ਨੂੰ ਯਕੀਨੀ ਬਣਾਇਆ ਗਿਆ । ਡੀਸੀ ਨੇ ਦਸਿਆ ਕਿ ਹੁਣ ਪਹਿਲਾਂ ਦੇ ਮੁਕਾਬਲੇ ਟੈਲੀਫੋਨ ਆਉਣੇ ਘਟੇ ਹਨ ਪਰ ਅਜੇ ਕੰਮ ਮੁਕੰਮਲ ਨਹੀਂ ਹੋਇਆ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਅਪਣੀ ਡਿਊਟੀ ਨੂੰ ਪੂਰੀ ਲਗਨ ਤੇ ਮਿਹਨਤ ਨਾਲ ਜਾਰੀ ਰੱਖਣ ਤਾਂ ਜੋ ਲੋਕਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਪਹੁੰਚਾਇਆ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਭਾਵੇਂ ਕੰਟਰੋਲ ਰੂਮ 'ਤੇ ਕੰਮ ਦਾ ਬੋਝ ਕੁਝ ਘਟਿਆ ਹੈ ਪਰ ਕੋਰੋਨਾ ਵਾਇਰਸ ਦਾ ਖ਼ਤਰਾ ਅਜੇ ਘਟਿਆ ਨਹੀਂ ਹੈ, ਇਸ ਲਈ ਅਧਿਕਾਰੀਆਂ ਨੂੰ ਚੌਕਸ ਰਹਿਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਕਿ ਕੋਰੋਨਾ ਵਾਇਰਸ ਖਿਲਾਫ਼ ਜੰਗ ਨੂੰ ਸਾਮੂਹਿਕ ਕੋਸ਼ਿਸ਼ਾਂ ਨਾਲ ਜਿਤਿਆ ਜਾਵੇ।

ਜ਼ਿਲਾ ਲੋਕ ਸੰਪਰਕ ਅਫ਼ਸਰ, ਫਿਰੋਜਪੁਰ

ਪ੍ਰਧਾਨ ਮੰਤਰੀ ਗ਼ਰੀਬ ਕਲਿਆਣ ਅੰਨ ਯੋਜਨਾ ਤਹਿਤ ਜਿਲ੍ਹੇ ਦੇ 1.10 ਲੱਖ ਪਰਿਵਾਰਾਂ ਤਕ ਹੋਈ ਮੁਫਤ ਕਣਕ ਅਤੇ ਦਾਲ ਦੀ ਵੰਡ

ਕੈਪਟਨ ਸਰਕਾਰ ਦੀਆਂ ਕੋਸ਼ਿਸਾਂ ਸਦਕਾ ਅੱਜ 9 ਹਜਾਰ ਤੋਂ ਜਿਆਦਾ ਲਾਭਪਾਤਰੀਆਂ ਨੂੰ ਮਿਲਿਆ ਲਾਭ

ਫਿਰੋਜਪੁਰ, 28 ਮਈ-

ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਲੋੜਵੰਦ ਲੋਕਾਂ ਨੂੰ ਮੁਫ਼ਤ ਕਣਕ ਅਤੇ ਦਾਲ ਦੀ ਸਪਲਾਈ ਨੂੰ ਯਕੀਨੀ ਬਣਾਉਣ ਦੀ ਵਚਨਬੱਧਤਾ ਤਹਿਤ ਅੱਜ 9000 ਲਾਭਪਾਤਰੀ ਪਰਿਵਾਰਾਂ ਨੂੰ ਅਗਲੇ ਤਿੰਨ ਮਹੀਨੇ ਲਈ ਮੁਫਤ ਕਣਕ ਅਤੇ ਦਾਲ ਪ੍ਰਧਾਨ ਮੰਤਰੀ ਗ਼ਰੀਬ ਕਲਿਆਣ ਅੰਨ ਯੋਜਨਾ ਤਹਿਤ ਵੰਡੀ ਗਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਫਿਰੋਜਪੁਰ ਸ੍ਰੀ ਕੁਲਵੰਤ ਸਿੰਘ ਨੇ ਦੱਸਿਆ ਕ ਮੁੱਖ ਮੰਤਰੀ ਪੰਜਾਬ ਅਤੇ ਖੁਰਾਕ ਤੇ ਸਿਵਲ ਸਲਪਾਈ ਮੰਤਰੀ ਪੰਜਾਬ ਦੀਆਂ ਹਦਾਇਤਾਂ 'ਤੇ ਫੂਡ ਸਪਲਾਈ ਵਿਭਾਗ ਵਲੋਂ ਫਿਰੋਜਪੁਰ ਜਿਲੇ ਦੇ ਵੱਖ-ਵੱਖ ਖੇਤਰਾਂ ਵਿੱਚ 1.10 ਲੱਖ ਲਾਭਪਾਤਰੀਆਂ ਨੂੰ ਪ੍ਰਧਾਨ ਮੰਤਰੀ ਗ਼ਰੀਬ ਕਲਿਆਣਾ ਅੰਨ ਯੋਜਨਾ ਤਹਿਤ ਮੁਫ਼ਤ ਕਣਕ ਅਤੇ ਦਾਲ ਦੀ ਵੰਡ ਕੀਤੀ ਗਈ।

ਉਨ੍ਹਾਂ ਕਿਹਾ ਕਿ ਕੋਵਿਡ-19 ਮਹਾਂਮਾਰੀ ਦੇ ਮੱਦੇ ਨਜ਼ਰ ਸੂਬਾ ਸਰਕਾਰ ਵਲੋਂ ਪ੍ਰਧਾਨ ਮੰਤਰੀ ਗ਼ਰੀਬ ਕਲਿਆਣਾ ਅੰਨ ਯੋਜਨਾ ਤਹਿਤ ਲੋੜਵੰਦ ਲੋਕਾਂ ਨੂੰ ਮੁਫ਼ਤ ਕਣਕ ਅਤੇ ਦਾਲ ਵੰਡਣੀ ਸ਼ੁਰੂ ਕੀਤੀ ਗਈ ਹੈ। ਇਸ ਸਕੀਮ ਦੇ ਤਹਿਤ ਪ੍ਰਤੀ ਲਾਭਪਾਤਰੀ ਨੂੰ 5 ਕਿਲੋ ਮੁਫ਼ਤ ਕਣਕ ਅਤੇ 1 ਕਿਲੋ ਦਾਲ ਪ੍ਰਤੀ ਪਰਿਵਾਰ ਇਕ ਮਹੀਨੇ ਦੇ ਹਿਸਾਬ ਨਾਲ ਤਿੰਨ ਮਹੀਨੇ ਲਈ ਦਿੱਤੀ ਜਾ ਰਹੀ ਹੈ।

ਇਸੇ ਤਰਾਂ ਜ਼ਿਲਾ ਖ਼ੁਰਾਕ ਅਤੇ ਸਪਲਾਈ ਕੰਟਰੋਲਰ ਸ੍ਰੀ ਪਿੰਦਰ ਸਿੰਘ ਨੇ ਦਸਿਆ ਕਿ 15 ਕਿਲੋ ਕਣਕ ਪ੍ਰਤੀ ਲਾਭਪਾਤਰੀ ਅਤੇ 3 ਕਿਲੋ ਦਾਲ ਪ੍ਰਤੀ ਪਰਿਵਾਰ (ਪਰਿਵਾਰ ਦੇ ਮੈਂਬਰਾਂ ਦੀ ਗਿਣਤੀ ਤੋਂ ਬਗੈਰ ) ਸਮਾਰਟ ਕਾਰਡ ਧਾਰਕ ਪ੍ਰਤੀ ਲਾਭਪਾਤਰੀ ਨੂੰ ਡਿਪੂ ਹੋਲਡਰਾਂ ਰਾਹੀਂ ਦੇਣ ਨੂੰ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸੂਬਾ ਸਰਕਾਰ ਲਾਕਡਾਊਨ ਦੌਰਾਨ ਹਰ ਲਾਭਪਾਤਰੀ ਖਾਸ ਕਰਕੇ ਗਰੀਬ ਪਰਿਵਾਰਾਂ ਨੂੰ ਲਾਭ ਪਹੁੰਚਾਉਣ ਲਈ ਵਚਨਬੱਧ ਹੈ ਤਾਂ ਕਿ ਕਿਸੇ ਵਿਕਅਤੀ ਖਾਸ ਕਰਕੇ ਗਰੀਬ ਪਰਿਵਾਰਾਂ ਨੂੰ ਅਨਾਜ ਉਪਲਬੱਧ ਨਾ ਹੋਣ ਕਰਕੇ ਕਿਸੇ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਇਸ ਔਖੀ ਘੜੀ ਦੌਰਾਨ ਲੋੜਵੰਦ ਲੋਕਾਂ ਤੱਕ ਮਦਦ ਪਹੁੰਚਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਿਰੋਜ਼ਪੁਰ

ਪ੍ਰੈਸ ਨੋਟ

ਸਿਵਲ ਹਸਪਤਾਲ ਵਿਖੇ ਮ੍ਰਿਤਕ ਦੇਹਾਂ ਦੀ ਸੰਭਾਲ ਲਈ ਸੋਢੀ ਪਰਿਵਾਰ ਨੇ ਹਸਪਤਾਲ ਨੂੰ 2 ਡੀਪ-ਫਰੀਜ਼ਰ ਸੌਂਪੇ, ਡਿਪਟੀ ਕਮਿਸ਼ਨਰ ਨੇ ਕੀਤਾ ਧੰਨਵਾਦ

ਫ਼ਿਰੋਜ਼ਪੁਰ 28 ਮਈ ( ) ਸਿਵਲ ਹਸਪਤਾਲ ਵਿਖੇ ਮ੍ਰਿਤਕ ਦੇਹਾਂ ਦੀ ਸੰਭਾਲ ਲਈ ਫ਼ਿਰੋਜ਼ਪੁਰ ਦੇ ਰਹਿਣ ਵਾਲੇ ਵਿਅਕਤੀ ਸੋਹਣ ਸਿੰਘ ਸੋਢੀ ਵੱਲੋਂ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ, ਐਸਡੀਐਮ ਅਮਿੱਤ ਗੁਪਤਾ ਦੀ ਮੌਜੂਦਗੀ ਵਿਚ ਹਸਪਤਾਲ ਨੂੰ 2 ਡੀਪ-ਫਰੀਜ਼ਰ ਸੌਂਪੇ ਗਏ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਸੋਢੀ ਪਰਿਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਫ਼ਿਰੋਜ਼ਪੁਰ ਦੇ ਸਿਵਲ ਹਸਪਤਾਲ ਵਿਚ ਪਹਿਲਾਂ 4 ਡੀਪ-ਫਰੀਜ਼ਰ ਸੀ ਅਤੇ 2 ਡੀਪ-ਫਰੀਜ਼ਰ ਅੱਜ ਸੋਹਣ ਸਿੰਘ ਸੋਢੀ ਵੱਲੋਂ ਹਸਪਤਾਲ ਨੂੰ ਸਮਰਪਿਤ ਕੀਤੇ ਗਏ ਹਨ, ਜਿਸ ਦੀ ਕੀਮਤ 1.35 ਲੱਖ ਰੁਪਏ ਹੈ। ਉਨ੍ਹਾਂ ਕਿਹਾ ਕਿ ਕਈ ਵਾਰ ਇਹੋ ਜਿਹੀ ਸਥਿਤੀ ਹੁੰਦੀ ਹੈ ਕਿ ਮ੍ਰਿਤਕ ਦੇਹਾਂ ਦੀ ਗਿਣਤੀ ਜ਼ਿਆਦਾ ਹੁੰਦੀ ਹੈ ਤਾਂ ਉਦੋਂ ਇਨ੍ਹਾਂ ਡੀਪ-ਫਰੀਜ਼ਰ ਦੀ ਲੋੜ ਮਹਿਸੂਸ ਕੀਤੀ ਜਾਂਦੀ ਹੈ ਇਸ ਲਈ ਇਨ੍ਹਾਂ ਦਾ ਹੋਣਾ ਜ਼ਰੂਰੀ ਹੈ ਤੇ ਹੁਣ ਫ਼ਿਰੋਜ਼ਪੁਰ ਹਸਪਤਾਲ ਵਿਖੇ ਕੁੱਲ 6 ਡੀਪ-ਫਰੀਜ਼ਰ ਹਨ।

ਉਨ੍ਹਾਂ ਦੱਸਿਆ ਕਿ ਸੋਹਣ ਸਿੰਘ ਸੋਢੀ ਫਿਰੋਜ਼ਪੁਰ ਦਾ ਮਾਮਲਾ ਵੱਟਸਐਪ ਗਰੁੱਪ ਦੇ ਇੱਕ ਮੈਬਰ ਹਨ, ਅਤੇ ਇਸ ਗਰੁੱਪ ਦੇ ਮੈਂਬਰਾਂ ਵੱਲੋਂ ਪਹਿਲਾਂ ਵੀ ਮਿਲ ਕੇ ਸਿਵਲ ਹਸਪਤਾਲ ਲਈ ਵੈਂਟੀਲੇਟਰ ਭੇਟ ਕੀਤਾ ਗਿਆ ਹੈ ਅਤੇ ਅੱਜ ਇਸ ਗਰੁੱਪ ਦੇ ਹੀ ਮੈਂਬਰ ਸੋਹਣ ਸਿੰਘ ਸੋਢੀ ਵੱਲੋਂ ਇਹ ਡੀਪ ਫਰੀਜ਼ਰ ਭੇਟ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੋਹਣ ਸਿੰਘ ਸੋਢੀ ਅਤੇ ਵੱਟਸਐਪ ਗਰੁੱਪ ਫ਼ਿਰੋਜ਼ਪੁਰ ਦਾ ਮਾਮਲਾ ਦਾ ਧੰਨਵਾਦ ਕੀਤਾ।

ਇਸ ਦੌਰਾਨ ਵੱਟਸਐਪ ਗਰੁੱਪ ਦੇ ਇੱਕ ਮੈਂਬਰ ਰਾਜਿੰਦਰ ਮਲਹੋਤਰਾ ਨੇ ਦੱਸਿਆ ਕਿ ਫ਼ਿਰੋਜ਼ਪੁਰ ਦਾ ਮਾਮਲਾ ਵੱਟਸਐਪ ਗਰੁੱਪ ਵੱਲੋਂ ਡੀਪ-ਫਰੀਜ਼ਰ ਸਬੰਧੀ ਮਸਲਾ ਗਰੁੱਪ ਵਿੱਚ ਉਠਾਇਆ ਗਿਆ ਸੀ, ਜਿਸ ਤੇ ਸੋਹਣ ਸਿੰਘ ਸੋਢੀ ਨੇ ਇਸ ਤੇ ਆਪਣੀ ਜ਼ਿੰਮੇਵਾਰੀ ਲੈਂਦਿਆਂ ਇਹ ਡੀਪ-ਫਰੀਜ਼ਰ ਸਿਵਲ ਹਸਪਤਾਲ ਨੂੰ ਸੌਂਪੇ। ਉਨ੍ਹਾਂ ਇਹ ਵੀ ਕਿਹਾ ਕਿ ਸਿਵਲ ਹਸਪਤਾਲ ਵਿਖੇ ਡੀਪ ਫਰੀਜ਼ਰ ਵਿਚੋਂ ਇੱਕ ਡੀਪ-ਫਰੀਜ਼ਰ ਨੂੰ ਰਿਪੇਅਰ ਦੀ ਲੋੜ ਹੈ ਉਸ ਦੀ ਰਿਪੇਅਰ ਵੀ ਗਰੁੱਪ ਵੱਲੋਂ ਕਰਵਾ ਦਿੱਤੀ ਜਾਵੇਗੀ। ਇਸ ਮੌਕੇ ਸਿਵਲ ਸਰਜਨ ਡਾ. ਨਵਦੀਪ ਸਿੰਘ, ਐਸਐਮਓ ਡਾ. ਅਵਿਨਾਸ਼ ਜਿੰਦਲ, ਸਕੱਤਰ ਰੈੱਡ ਕਰਾਸ ਅਸ਼ੋਕ ਬਹਿਲ, ਡੀਸੀਐਮ ਗਰੁੱਪ ਦੇ ਸੀਈਓ ਅਨੀਰੁੱਧ ਗੁਪਤਾ ਹਾਜ਼ਰ ਸਨ।